ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਮੋਗਾ

## 'ਮੁੱਖ ਮੰਤਰੀ ਤੀਰਥ ਦਰਸ਼ਨ ਯਾਤਰਾ' ਤਹਿਤ ਮੋਗਾ ਤੋਂ ਜੈਕਾਰਿਆਂ ਦੀ ਗੂੰਜ 'ਚ ਵਿਸੇਸ਼ ਰੇਲ ਗੱਡੀ ਸੱਚਖੰਡ ਸ੍ਰੀ ਹਜੂਰ ਸਾਹਿਬ ਲਈ ਰਵਾਨਾ

### --ਪੰਜਾਬ ਸਰਕਾਰ ਦਾ ਸੰਗਤਾਂ ਨੂੰ ਧਾਰਮਿਕ ਸਥਾਨਾਂ ਦੇ ਦਰਸ਼ਨਾਂ ਲਈ ਅਹਿਮ ਉਪਰਾਲਾ-ਜੱਥੇਦਾਰ ਤੋਤਾ ਸਿੰਘ

### -ਤੀਰਥ ਯਾਤਰਾ ਲਈ ਗਰੀਬ ਲੋਕਾਂ ਨੂੰ ਦਿੱਤੀ ਜਾ ਰਹੀ ਹੈ ਤਰਜੀਹ

### --ਯਾਤਰਾ ਲਈ ਜਾ ਰਹੇ ਸ਼ਰਧਾਲੂਆਂ 'ਚ ਭਾਰੀ ਉਤਸ਼ਾਹ-ਡਿਪਟੀ ਕਮਿਸ਼ਨਰ

ਮੋਗਾ 11 ਫ਼ਰਵਰੀ :

ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ 'ਮੁੱਖ ਮੰਤਰੀ ਤੀਰਥ ਦਰਸ਼ਨ ਯਾਤਰਾ' ਸਕੀਮ ਤਹਿਤ ਅੱਜ ਮੋਗਾ ਜ਼ਿਲ੍ਹੇ ਦੇ ਹਲਕਾ ਧਰਮਕੋਟ ਦੀ ਸੰਗਤ ਨੂੰ ਲੈ ਕੇ ਇੱਕ ਵਿਸੇਸ਼ ਪਹਿਲੀ ਰੇਲ ਗੱਡੀ ਜੈਕਾਰਿਆਂ ਦੀ ਗੂੰਜ ਵਿੱਚ ਤਖਤ ਸ੍ਰੀ ਹਜੂਰ ਸਾਹਿਬ ਨਾਂਦੇੜ ਲਈ ਰਵਾਨਾ ਹੋਈ। ਇਸ ਮੌਕੇ ਸੰਤ ਮਹਾਂਪੁਰਸ਼ਾਂ ਵੱਲੋਂ ਅਰਦਾਸ ਕਰਨ ਉਪਰੰਤ ਖੇਤੀਬਾੜੀ ਮੰਤਰੀ ਜੱਥੇਦਾਰ ਤੋਤਾ ਸਿੰਘ ਨੇ ਰਿਬਨ ਕੱਟ ਕੇ ਗੱਡੀ ਨੂੰ ਰਵਾਨਾ ਕੀਤਾ। ਇਸ ਮੌਕੇ ਜ਼ਿਲ੍ਹਾ ਪ੍ਰਸਾਸ਼ਨ ਵੱਲੋਂ ਡਿਪਟੀ ਕਮਿਸ਼ਨਰ ਸ: ਕੁਲਦੀਪ ਸਿੰਘ ਵੈਦ ਅਤੇ ਵਧੀਕ ਡਿਪਟੀ ਕਮਿਸ਼ਨਰ ਅਰਵਿੰਦ ਪਾਲ ਸਿੰਘ ਸੰਧੂ ਵੀ ਮੌਜੂਦ ਸਨ।

ਇਸ ਮੌਕੇ ਖੇਤੀਬਾੜੀ ਮੰਤਰੀ ਜੱਥੇਦਾਰ ਤੋਤਾ ਸਿੰਘ ਨੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਸ: ਪਰਕਾਸ਼ ਸਿੰਘ ਬਾਦਲ ਅਤੇ ਉਪ ਮੁੱਖ ਮੰਤਰੀ ਸ: ਸੁਖਬੀਰ ਸਿੰਘ ਬਾਦਲ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਧਾਰਮਿਕ ਸਥਾਨਾਂ ਦੀ ਯਾਤਰਾ ਕਰਵਾਉਣ ਦਾ ਇਹ ਬਹੁਤ ਹੀ ਸ਼ਲਾਘਾਯੋਗ ਉਪਰਾਲਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਹਮੇਸਾ ਹੀ ਲੋਕ-ਹਿੱਤਾਂ ਨੂੰ ਮੁੱਖ ਰੱਖਦਿਆਂ ਲੋਕ ਭਲਾਈ ਦੇ ਫ਼ੈਸਲੇ ਲਏ ਜਾਂਦੇ ਹਨ। ਉਨ੍ਹਾਂ ਦੱਸਿਆ ਕਿ ਇਸ ਯਾਤਰਾ ਦੌਰਾਨ ਸ਼ਰਧਾਲੂਆਂ ਦੇ ਖਾਣ-ਪੀਣ ਰਹਿਣ-ਸਹਿਣ ਆਦਿ ਦਾ ਸਮੁੱਚਾ ਖਰਚਾ ਪੰਜਾਬ ਸਰਕਾਰ ਵੱਲੋਂ ਸਹਿਣ ਕੀਤਾ ਜਾਵੇਗਾ ਉਨ੍ਹਾਂ ਦੱਸਿਆ ਕਿ ਇਸ ਰੇਲ ਗੱਡੀ ਰਾਹੀਂ ਹਲਕਾ ਧਰਮਕੋਟ ਦੀ ਸੰਗਤ ਸ੍ਰੀ ਹਜੂਰ ਸਾਹਿਬ ਅਤੇ ਹੋਰ ਗੁਰਦੁਆਰਿਆਂ ਦੇ ਦਰਸ਼ਨ ਦੀਦਾਰੇ ਕਰੇਗੀ। ਉਨ੍ਹਾਂ ਦੱਸਿਆ ਕਿ ਇਸ ਉਪਰੰਤ ਜ਼ਿਲ੍ਹੇ ਦੇ ਦੂਸਰੇ ਵਿਧਾਨ ਸਭਾ ਹਲਕਿਆਂ ਦੀਆਂ ਸੰਗਤਾਂ ਲਈ ਵੀ ਵਿਸ਼ੇਸ਼ ਰੇਲ ਗੱਡੀਆਂ ਚਲਾਈਆਂ ਜਾਣਗੀਆਂ। ਉਨ੍ਹਾਂ ਦੱਸਿਆ ਕਿ ਇਸ ਯਾਤਰਾ ਲਈ ਗਰੀਬ ਲੋਕਾਂ ਨੂੰ ਪਹਿਲ ਦਿੱਤੀ ਜਾ ਰਹੀ ਹੈ, ਤਾਂ ਜੋ ਉਹ ਪੈਸੇ ਦੀ ਥੁੜੋਂ ਗਰਧਾਮਾਂ ਦੇ ਦਰਸ਼ਨਾਂ ਤੋਂ ਵਾਂਝੇ ਨਾ ਰਹਿ ਜਾਣ।

ਇਸ ਮੌਕੇ ਡਿਪਟੀ ਕਮਿਸ਼ਨਰ ਸ: ਕੁਲਦੀਪ ਸਿੰਘ ਵੈਦ ਆਈ.ਏ.ਐਸ. ਨੇ ਕਿਹਾ ਕਿ ਇਸ ਯੋਜਨਾ ਤਹਿਤ ਜ਼ਿਲ੍ਹੇ ਦੇ ਧਰਮਕੋਟ ਹਲਕੇ ਤੋਂ 1000 ਸ਼ਰਧਾਲੂ ਯਾਤਰਾ ਲਈ ਇਸ ਗੱਡੀ ਨਾਲ ਰਵਾਨਾ ਹੋਏ ਹਨ। ਉਨ੍ਹਾਂ ਦੱਸਿਆ ਕਿ ਇਸ ਯਾਤਰਾ ਲਈ ਸ਼ਰਧਾਲੂਆਂ 'ਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ। ਇਸ ਮੌਕੇ ਜ਼ਿਲ੍ਹਾ ਪ੍ਰਸਾਸ਼ਨ ਅਤੇ ਰੇਲਵੇ ਵੱਲੋਂ ਸ਼ਰਧਾਲੂਆਂ ਦਾ ਰੇਲਵੇ ਸਟੇਸ਼ਨ ਪੁੱਜਣ 'ਤੇ ਯਾਤਰੀਆਂ ਨੂੰ ਫੁੱਲਾਂ ਦੇ ਹਾਰ ਭੇਂਟ ਕਰਕੇ ਬੈਂਡ ਬਾਜੇ ਨਾਲ ਸਵਾਗਤ ਕੀਤਾ ਗਿਆ। ਇਸ ਗੱਡੀ ਨਾਲ ਯਾਤਰਾ 'ਤੇ ਜਾ ਰਹੇ ਜੱਥੇਦਾਰ ਤੋਤਾ ਸਿੰਘ ਦੇ ਨਿੱਜੀ ਸਹਾਇਕ ਰਾਜਿੰਦਰ ਸਿੰਘ ਡੱਲਾ, ਖੇਤੀਬਾੜੀ ਵਿਕਾਸ ਅਫ਼ਸਰ ਜਸਵਿੰਦਰ ਸਿੰਘ ਬਰਾੜ ਅਤੇ ਬਲਾਕ ਵਿਕਾਸ ਤੇ ਪੰਚਾਇਤ ਅਫ਼ਸਰ ਕੋਟ ਈਸੇ ਖਾਂ ਜਗੀਰ ਸਿੰਘ ਖੁਦ ਰੇਲ ਗੱਡੀ 'ਚ ਪ੍ਰਬੰਧਾਂ ਦੀ ਵੀ ਦੇਖ-ਰੇਖ ਕਰ ਰਹੇ ਹਨ।

ਗੱਡੀ ਨੂੰ ਰੇਲਵੇ ਸਟੈਸ਼ਨ ਮੋਗਾ ਤੋਂ ਰਵਾਨਾ ਕਰਨ ਮੌਕੇ ਹੋਰਨਾਂ ਤੋਂ ਇਲਾਵਾ ਸੰਤ ਬਾਬਾ ਮਹਿੰਦਰ ਸਿੰਘ ਜਨੇਰਾਂ ਵਾਲੇ, ਸੰਤ ਬਾਬਾ ਮੰਗਲ ਸਿੰਘ, ਸੰਤ ਬਾਬਾ ਅਮਰਜੀਤ ਸਿੰਘ, ਸੰਤ ਬਾਬਾ ਗੁਰਮੀਤ ਸਿੰਘ ਖੋਸਾ ਕੋਟਲਾ, ਪ੍ਰਧਾਨ ਨਗਰ ਪੰਚਾਇਤ ਕੋਟ ਈਸੇ ਖਾਂ ਅਸ਼ਵਨੀ ਕੁਮਾਰ ਪਿੰਟੂ, ਚੇਅਰਮੈਨ ਗੁਰਨਾਮ ਸਿੰਘ ਵਿਰਕ ਧਰਮਕੋਟ, ਸੁਖਵਿੰਦਰ ਸਿੰਘ ਦਾਤੇਵਾਲਾ, ਜੋਗਿੰਦਰ ਸਿੰਘ ਫਤਹਿਗੜ੍ਹ ਪੰਜਤੂਰ, ਹਰਦਿਆਲ ਸਿੰਘ, ਜ਼ਿਲ੍ਹਾ ਟਰਾਂਸਪੋਰਟ ਅਫ਼ਸਰ-ਕਮ-ਸਹਾਇਕ ਕਮਿਸ਼ਨਰ ਅਨੀਤਾ ਦਰਸ਼ੀ, ਐਸ.ਡੀ.ਐਮ ਧਰਮਕੋਟ ਜਸਪਾਲ ਸਿੰਘ ਗਿੱਲ, ਐਸ.ਡੀ.ਐਮ ਮੋਗਾ ਸੁਰਿੰਦਰ ਕੌਰ ਕੌਗੁਰਮਿੰਦਰਜੀਤ ਸਿੰਘ ਬਬਲੂ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਤਵੰਤੇ ਵਿਅਕਤੀ ਹਾਜਰ ਸਨ।

-----------

ਨੰ: ਪੀ.ਆਰ(ਪ੍ਰੈ ਰੀ)2016/76













